**ਨਾਉ ਪ੍ਰਭਾਤੈ ਸਬਦਿ ਧਿਆਈਐ ਛੋਡਹੁ ਦੁਨੀ ਪਰੀਤਾ ॥ ਪ੍ਰਣਵਤਿ ਨਾਨਕ ਦਾਸਨਿ ਦਾਸਾ ਜਗਿ ਹਾਰਿਆ ਤਿਨਿ ਜੀਤਾ ॥੪॥੯॥** {ਪੰਨਾ 1329}

ਪਦ ਅਰਥ:- ਸਬਦਿ—ਗੁਰੂ ਦੇ ਸ਼ਬਦ ਵਿਚ (ਜੁੜ ਕੇ)। ਦੁਨੀ ਪਰੀਤਾ—ਦੁਨੀਆ ਦੀ ਪ੍ਰੀਤ, ਮਾਇਆ ਦਾ ਮੋਹ। ਤਿਨਿ—ਉਸ ਮਨੁੱਖ ਨੇ।4।

ਅਰਥ:- (ਹੇ ਭਾਈ!) ਅੰਮ੍ਰਿਤ ਵੇਲੇ ਹੀ (ਉੱਠ ਕੇ) ਗੁਰੂ ਦੇ ਸ਼ਬਦ ਵਿਚ ਜੁੜ ਕੇ ਕਰਤਾਰ ਦਾ ਨਾਮ ਸਿਮਰਨਾ ਚਾਹੀਦਾ ਹੈ, (ਹੇ ਭਾਈ!) ਮਾਇਆ ਦਾ ਮੋਹ ਤਿਆਗੋ (ਇਹ ਮੋਹ ਹੀ ਕਰਤਾਰ ਦੀ ਯਾਦ ਭੁਲਾਂਦਾ ਹੈ)। ਕਰਤਾਰ ਦੇ ਸੇਵਕਾਂ ਦਾ ਸੇਵਕ ਨਾਨਕ ਬੇਨਤੀ ਕਰਦਾ ਹੈ ਕਿ ਜੇਹੜਾ ਬੰਦਾ (ਮਾਇਆ ਦਾ ਮੋਹ ਤਿਆਗ ਕੇ) ਜਗਤ ਵਿਚ ਨਿਮ੍ਰਤਾ ਨਾਲ ਜ਼ਿੰਦਗੀ ਗੁਜ਼ਾਰਦਾ ਹੈ, ਉਸੇ ਨੇ ਹੀ (ਜੀਵਨ ਦੀ ਬਾਜ਼ੀ) ਜਿੱਤੀ ਹੈ।4।9।

**ਸਲੋਕ ਮਃ ੫ ॥ ਚਿੜੀ ਚੁਹਕੀ ਪਹੁ ਫੁਟੀ ਵਗਨਿ ਬਹੁਤੁ ਤਰੰਗ ॥ ਅਚਰਜ ਰੂਪ ਸੰਤਨ ਰਚੇ ਨਾਨਕ ਨਾਮਹਿ ਰੰਗ ॥੧॥** {ਪੰਨਾ 319}

ਪਦਅਰਥ:- ਚੁਹਕੀ—ਬੋਲੀ। ਪਹ ਫੁਟੀ—ਪਹੁ-ਫੁਟਾਲਾ ਹੋਇਆ, ਅੰਮ੍ਰਿਤ ਵੇਲਾ ਹੋਇਆ। ਤਰੰਗ—ਲਹਿਰਾਂ, ਸਿਮਰਨ ਦੇ ਤਰੰਗ। ਨਾਮਹਿ—ਨਾਮ ਵਿਚ।

ਅਰਥ:- ਜਦੋਂ ਪਹੁ-ਫੁਟਾਲਾ ਹੁੰਦਾ ਹੈ ਤੇ ਚਿੜੀ ਚੂਕਦੀ ਹੈ, ਉਸ ਵੇਲੇ (ਭਗਤ ਦੇ ਹਿਰਦੇ ਵਿਚ ਸਿਮਰਨ ਦੇ) ਤਰੰਗ ਬਹੁਤ ਉੱਠਦੇ ਹਨ, ਹੇ ਨਾਨਕ! ਜਿਨ੍ਹਾਂ ਗੁਰਮੁਖਾਂ ਦਾ ਪ੍ਰਭੂ ਦੇ ਨਾਮ ਵਿਚ ਪਿਆਰ ਹੁੰਦਾ ਹੈ ਉਹਨਾਂ ਨੇ (ਇਸ ਪਹੁ-ਫੁਟਾਲੇ ਦੇ ਸਮੇ) ਅਚਰਜ ਰੂਪ ਰਚੇ ਹੁੰਦੇ ਹਨ (ਭਾਵ, ਉਹ ਬੰਦੇ ਇਸ ਸਮੇ ਪ੍ਰਭੂ ਦੇ ਅਚਰਜ ਕੌਤਕ ਆਪਣੀਆਂ ਅੱਖਾਂ ਦੇ ਸਾਹਮਣੇ ਲਿਆਉਂਦੇ ਹਨ)।1।